ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰੇਤ ਦੀ ਨਜ਼ਾਇਜ ਮਾਈਨਿੰਗ ਖਿਲਾਫ਼ ਵੱਡੀ ਕਾਰਵਾਈ

ਨਜਾਇਜ਼ ਖੁਦਾਈ ਕਰ ਰਹੇ 13 ਟਿੱਪਰ, 4 ਟਰੱਕ, 4 ਟਰੈਕਟਰ ਟਰਾਲੀਆਂ ਅਤੇ 2 ਪੋਕਲੇਨ ਮਸ਼ੀਨਾਂ ਜ਼ਬਤ

ਰੇਤ ਦੀ ਗੈਰ ਕਾਨੂੰਨੀ ਨਿਕਾਸੀ ਕਰਨ ਵਾਲਿਆਂ ਵਿਰੁੱਧ ਕੀਤੀ ਜਾਵੇਗੀ ਸਖ਼ਤ ਕਾਰਵਾਈ ਡਿਪਟੀ ਕਮਿਸ਼ਨਰ

ਹਰੀਕੇ ਪੱਤਣ, (ਤਰਨਤਾਰਨ), 30 ਸਤੰਬਰ :

ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਦੀ ਅਗਵਾਈ ਹੇਠ ਰੇਤ ਦੀ ਨਜ਼ਾਇਜ ਮਾਈਨਿੰਗ ਖਿਲਾਫ਼ ਵੱਡੀ ਕਾਰਵਾਈ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਤਰਨਤਾਰਨ ਵੱਲੋਂ ਪੁਲਿਸ ਵਿਭਾਗ ਦੇ ਸਹਿਯੋਗ ਨਾਲ ਬੀਤੀ ਰਾਤ ਥਾਣਾ ਹਰੀਕੇ ਵਿੱਚ ਪੈਂਦੇ ਪਿੰਡ ਬੂਹ ਵਿਖੇ ਰੇਤ ਦੀ ਨਜਾਇਜ਼ ਖੁਦਾਈ ਕਰ ਰਹੇ 13 ਟਿੱਪਰ, 4 ਟਰੱਕ, 4 ਟਰੈਕਟਰ ਟਰਾਲੀਆਂ ਅਤੇ 2 ਪੋਕਲੇਨ ਮਸ਼ੀਨਾਂ ਜ਼ਬਤ ਕੀਤੀਆਂ ਗਈਆਂ ਹਨ।ਇਹ ਜਾਣਕਾਰੀ ਦਿੰਦਿਆਂ ਜੀ. ਐੱਮ. ਡੀ. ਆਈ. ਸੀ. ਸ੍ਰੀ ਭੋਲਾ ਸਿੰਘ ਬਰਾੜ ਨੇ ਦੱਸਿਆ ਕਿ ਪੁਲਿਸ ਵੱਲੋਂ ਸੱਤਪਾਲ ਸਿੰਘ ਉਰਫ਼ ਪਾਲਾ ਵਾਸੀ ਪਿੰਡ ਬੂਹ ਅਤੇ ਸੱਤਪਾਲ ਸਿੰਘ ਵਾਸੀ ਚੰਡੀਗੜ੍ਹ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਵਿੱਚ ਰੇਤ ਦੀ ਗੈਰ-ਕਾਨੂੰਨੀ ਨਿਕਾਸੀ ਨੂੰ ਸਖਤੀ ਨਾਲ ਰੋਕਿਆ ਜਾ ਰਿਹਾ ਹੈ ਅਤੇ ਜ਼ਿਲ੍ਹੇ ਵਿੱਚ ਰੇਤ ਦੀ ਨਜਾਇਜ਼ ਨਿਕਾਸੀ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸ ਤਹਿਤ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਤੇ ਫ਼ੀਲਡ ਕਰਮਚਾਰੀਆਂ ਦੀਆਂ ਗਠਿਤ ਟੀਮਾਂ ਵੱਲੋਂ ਸਮੇਂ-ਸਮੇਂ `ਤੇ ਪੜਤਾਲ ਕਰਕੇ ਗੈਰ ਕਾਨੂੰਨੀ ਨਿਕਾਸੀ ਕਰਨ ਵਾਲੇ ਵਿਅਕਤੀਆਂ ਦੇ ਖ਼ਿਲਾਫ਼ ਤੁਰੰਤ ਕਾਰਵਾਈ ਕੀਤੀ ਜਾ ਰਹੀ ਹੈ।ਉਹਨਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਰੇਤ ਦੀ ਨਜਾਇਜ਼ ਨਿਕਾਸੀ ਕਰਨ ਵਾਲਿਆਂ `ਤੇ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਹੈ ਅਤੇ ਗੈਰ ਕਾਨੂੰਨੀ ਨਿਕਾਸੀ ਕਰਦੇ ਪਾਏ ਗਏ ਵਿਅਕਤੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਨਜਾਇਜ਼ ਮਾਈਨਿੰਗ ਨੂੰ ਰੋਕਣ ਲਈ ਕਿ ਅਜਿਹੀਆਂ ਨਜਾਇਜ਼ ਗਤੀਵਿਧੀਆਂ ਦੀ ਸੂਚਨਾ ਅਤੇ ਸ਼ਿਕਾਇਤਾਂ ਜ਼ਿਲ੍ਹਾ ਪ੍ਰਸ਼ਾਸਨ ਜਾਂ ਮਾਈਨਿੰਗ ਵਿਭਾਗ ਕੋਲ ਕੀਤੀਆਂ ਜਾਣ। ਉਨ੍ਹਾਂ ਦੱਸਿਆ ਕਿ ਸ਼ਿਕਾਇਤਾਂ ਦੇ ਕੰਮ ਨੂੰ ਸੁਚੱਜਾ ਬਣਾਉਣ ਲਈ ਮਾਈਨਿੰਗ ਵਿਭਾਗ ਵੱਲੋਂ ਇੱਕ **PB-PGRAMS** ਨਾਮ ਦਾ ਆਨ-ਲਾਈਨ ਪੋਰਟਲ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਕਿਸੇ ਵਿਅਕਤੀ ਵੱਲੋਂ ਗੈਰ-ਕਾਨੂੰਨੀ ਮਾਈਨਿੰਗ ਸਬੰਧੀ ਕੋਈ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਗੈਰ ਕਾਨੂੰਨੀ ਨਿਕਾਸੀ ਬਾਰੇ ਮੋਬਾਇਲ ਨੰਬਰ 94782-92496 'ਤੇ ਵੀ ਸ਼ਿਕਾਇਤ ਕੀਤੀ ਜਾ ਸਕਦੀ ਹੈ।

---------